# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 18:20

**ਮਿਤੀ : 15-10-2025**

- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਸਾਬਕਾ ਫੌਜੀਆਂ ਅਤੇ ਓਹਨਾਂ ਦੇ ਆਸ਼ਰਿਤਾਂ ਲਈ ਭਲਾਈ ਗ੍ਰਾਂਟਾਂ ਵਿੱਚ 100 ਫੀਸਦੀ ਵਾਧੇ ਨੂੰ ਪ੍ਰਵਾਨਗੀ ਦਿੱਤੀ ਏ.
- ਪੰਜਾਬ ਸਰਕਾਰ ਵਲੋਂ ਸੂਬੇ ਦੇ ਹੜ੍ਹ ਪੀੜ੍ਹਤਾਂ ਨੂੰ ਮੁਆਵਜ਼ਾ ਜਾਂ ਰਾਹਤ ਰਕਮ ਪ੍ਰਦਾਨ ਕਰਨ ਲਈ, 209 ਕਰੋੜ ਰੁਪਏ ਦੀ ਪਹਿਲੀ ਕਿਸ਼ਤ ਜਾਰੀ।
- ਪੰਜਾਬ ਪੁਲਿਸ ਨੇ ਰਾਜ ਵਿੱਚ ਦਹਿਸ਼ਤਗਰਦ ਨੈੱਟਵਰਕਾਂ ਅਤੇ ਜਥੇਬੰਧਤ ਅਪਰਾਧਾਂ ਨਾਲ ਜੁੜੇ 203 ਵਿਦੇਸ਼ੀ ਹੈਂਡਲਰਾਂ ਵਿਰੁੱਧ ਰੈੱਡ ਕਾਰਨਰ ਤੇ ਬਲੂ ਕਾਰਨਰ ਨੋਟਿਸ ਜਾਰੀ ਕਰਨ ਦਾ ਅਮਲ ਸ਼ੁਰੂ ਕਰ ਦਿੱਤਾ ਏ.
- ਪੰਜਾਬ, ਭਵਿੱਖ ਵਿੱਚ ਹੜ੍ਹਾਂ ਤੋਂ ਬਚਾਅ ਲਈ ਰਾਵੀ ਅਤੇ ਸਤਲੁਜ ਦਰਿਆਵਾਂ ਨੂੰ ਸਾਫ਼, ਡੂੰਘਾ ਅਤੇ ਚੌੜਾ ਕਰੇਗਾ.

- ਹਾਕੀ ਵਿੱਚ, ਅੱਜ ਸੁਲਤਾਨ ਆਫ਼ ਜੋਹੋਰ ਕੱਪ 2025'ਚ ਭਾਰਤ ਦੀ ਮਰਦਾਂ ਦੀ ਜੂਨੀਅਰ ਹਾਕੀ ਟੀਮ ਦਾ ਮੁਕਾਬਲਾ ਆਸਟ੍ਰੇਲੀਆ ਨਾਲ ਜਾਰੀ ਏ.

---------------------------------------------------

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਸਾਬਕਾ ਫੌਜੀਆਂ ਦੀ ਭਲਾਈ ਬਾਰੇ ਵਿਭਾਗ ਵੱਲੋਂ ਲਾਗੂ ਕੀਤੀਆਂ ਗਈਆਂ ਯੋਜਨਾਵਾਂ ਤਹਿਤ ਸਾਬਕਾ ਫੌਜੀਆਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਲਈ ਮਾਲੀ ਸਹਾਇਤਾ ਵਿੱਚ ਸੌ ਫੀਸਦੀ ਵਾਧੇ ਨੂੰ ਮਨਜ਼ੂਰੀ ਦੇ ਦਿੱਤੀ ਏ। ਪ੍ਰਤੀ ਲਾਭਪਾਤਰੀ ਪੈਨਸ਼ਨ ਗ੍ਰਾਂਟ ਨੂੰ ਚਾਰ ਹਜ਼ਾਰ ਰੁਪਏ ਤੋਂ ਵਧਾ ਕੇ ਅੱਠ ਹਜ਼ਾਰ ਰੁਪਏ ਪ੍ਰਤੀ ਮਹੀਨਾ ਕਰ ਦਿੱਤਾ ਗਿਆ ਏ। ਇਹ ਬਜ਼ੁਰਗ ਅਤੇ ਗੈਰ-ਪੈਨਸ਼ਨਰ ਸਾਬਕਾ ਫੌਜੀਆਂ ਅਤੇ ਉਨ੍ਹਾਂ ਦੀਆਂ 65 ਸਾਲ ਤੋਂ ਵੱਧ ਉਮਰ ਦੀਆਂ ਵਿਧਵਾਵਾਂ ਜਿਨ੍ਹਾਂ ਦੀ ਕੋਈ ਨਿਯਮਤ ਆਮਦਣ ਨਹੀਂ ਏ, ਨੂੰ ਜੀਵਨ ਭਰ ਨਿਰੰਤਰ ਸਹਾਇਤਾ ਪ੍ਰਦਾਨ ਕਰੇਗਾ. ਮੰਤਰਾਲੇ ਨੇ ਕਿਹਾ ਏ ਕਿ, ਦੋ ਨਿਰਭਰ ਬੱਚਿਆਂ ਤੱਕ ਪ੍ਰਤੀ ਵਿਅਕਤੀ ਸਿੱਖਿਆ ਗ੍ਰਾਂਟ ਇੱਕ ਹਜ਼ਾਰ ਤੋਂ ਵਧਾ ਕੇ ਦੋ ਹਜ਼ਾਰ ਰੁਪਏ ਪ੍ਰਤੀ ਮਹੀਨਾ ਕਰ ਦਿੱਤੀ ਗਈ ਏ। ਵਿਆਹ ਗ੍ਰਾਂਟ ਨੂੰ ਵੀ ਪ੍ਰਤੀ ਲਾਭਪਾਤਰੀ 50 ਹਜ਼ਾਰ ਤੋਂ ਵਧਾ ਕੇ ਇੱਕ ਲੱਖ ਕਰ ਦਿੱਤਾ ਗਿਆ ਏ। ਮੰਤਰਾਲੇ ਨੇ ਕਿਹਾ, ਸੋਧੀ ਹੋਈ ਮਾਲੀ ਸਹਾਇਤਾ,

ਇਸ ਸਾਲ ਪਹਿਲੀ ਨਵੰਬਰ ਤੋਂ ਜਮ੍ਹਾਂ ਕਰਵਾਈਆਂ ਗਈਆਂ ਅਰਜ਼ੀਆਂ ਲਈ ਲਾਗੂ ਹੋਣਗੀਆਂ, ਜਿਸਦਾ ਸਾਲਾਨਾ ਮਾਲੀ ਪ੍ਰਭਾਵ ਲਗਭਗ 257 ਕਰੋੜ ਰੁਪਏ ਏ । ਇਨ੍ਹਾਂ ਯੋਜਨਾਵਾਂ ਨੂੰ ਰੱਖਿਆ ਮੰਤਰੀ ਸਾਬਕਾ ਫੌਜੀ ਭਲਾਈ ਫੰਡ ਰਾਹੀਂ ਰਕਮਾਂ ਦਿੱਤੀਆਂ ਜਾਂਦੀਆਂ ਨੇ, ਜੋ ਕਿ ਹਥਿਆਰਬੰਦ ਫੌਜ ਝੰਡਾ ਦਿਵਸ ਫੰਡ ਦਾ ਇੱਕ ਉਪ ਸਮੂਹ ਏ । ਇਹ ਫੈਸਲਾ ਗੈਰ-ਪੈਨਸ਼ਨਰ ਸਾਬਕਾ ਫੌਜੀਆਂ ਅਤੇ ਵਿਧਵਾਵਾਂ ਲਈ ਸਮਾਜਿਕ ਸੁਰੱਖਿਆ ਨੂੰ ਮਜ਼ਬੂਤ ਕਰੇਗਾ, ਜੋ ਕਿ ਸਾਬਕਾ ਫੌਜੀਆਂ ਦੀ ਸੇਵਾ ਅਤੇ ਕੁਰਬਾਨੀ ਦਾ ਸਨਮਾਨ ਕਰਨ ਲਈ ਸਰਕਾਰ ਦੀ ਵਚਨਬੱਧਤਾ ਦੀ ਪੁਸ਼ਟੀ ਕਰਦਾ ਏ.

----------------------------------------------------------

ਪੰਜਾਬ ਸਰਕਾਰ ਨੇ ਸੂਬੇ ਦੇ ਹੜ੍ਹ ਪੀੜ੍ਹਤਾਂ ਨੂੰ ਮੁਆਵਜ਼ਾ ਜਾਂ ਰਾਹਤ ਰਕਮ ਪ੍ਰਦਾਨ ਕਰਨ ਲਈ, 209 ਕਰੋੜ ਰੁਪਏ ਦੀ ਪਹਿਲੀ ਕਿਸ਼ਤ ਜਾਰੀ ਕਰ ਦਿੱਤੀ ਏ । ਇਸ ਵਿੱਚੋਂ ਜ਼ਿਲ੍ਹਾ ਸੰਗਰੂਰ ਦੇ ਹੜ੍ਹ ਪੀੜ੍ਹਤਾਂ ਨੂੰ ਸਾਢੇ 3 ਕਰੋੜ ਰੁਪਏ ਵੰਡੇ ਜਾਣਗੇ। ਅੱਜ ਹਲਕਾ ਧੂਰੀ ਦੇ 8 ਹੜ੍ਹ ਪੀੜ੍ਹਤ ਪਰਿਵਾਰਾਂ ਨੂੰ ਪੰਜਾਬ ਦੇ ਖਜ਼ਾਨਾ ਅਤੇ ਯੋਜਨਾ ਮੰਤਰੀ ਸ਼੍ਰੀ ਹਰਪਾਲ ਸਿੰਘ ਚੀਮਾ ਨੇ ਮਨਜ਼ੂਰੀ ਪੱਤਰ ਵੰਡ ਕੇ ਮੁਆਵਜ਼ਾ ਵੰਡਣ ਦੀ ਸ਼ੁਰੂਆਤ ਕੀਤੀ। ਇਸ ਮੌਕੇ ਬੋਲਦਿਆਂ ਉਨ੍ਹਾਂ ਕਿਹਾ ਕਿ ਅੱਜ ਪੰਜਾਬ

ਭਰ ਦੇ 13 ਕੈਬਨਿਟ ਮੰਤਰੀ ਮਿਸ਼ਨ ਪੁਨਰਵਾਸ ਤਹਿਤ ਰਾਹਤ ਰਕਮ ਵੰਡਣ ਲਈ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰ ਰਹੇ ਨੇ.ਇਸੇ ਸੰਬੰਧ 'ਚ  ਪੰਜਾਬ ਦੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਅੱਜ ਸੁਲਤਾਨਪੁਰ ਲੋਧੀ ਦੇ ਪਿੰਡ ਕਿਸ਼ਨ ਸਿੰਘ ਵਾਲਾ ਤੋਂ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਮੁਆਵਜ਼ੇ ਦੀ ਵੰਡ ਦੀ ਰਸਮੀ ਤੌਰ ‘ਤੇ ਸ਼ੁਰੂਆਤ ਕੀਤੀ ਗਈ। ਅੱਜ ਉਨ੍ਹਾਂ ਕਪੂਰਥਲਾ ਜਿਲ੍ਹੇ ਦੇ ਪਿੰਡਾਂ ਕਿਸ਼ਨ ਸਿੰਘ ਵਾਲਾ , ਚੱਕ ਪੱਤੀ ਬਾਲੂ ਬਹਾਦਰ , ਹੁਸੈਨਪੁਰ ਬੂਲੇ ਦੇ ਲਗਭਗ 25 ਕਿਸਾਨਾਂ ਨੂੰ ਫਸਲਾਂ ਦੇ ਖਰਾਬੇ, ਘਰਾਂ ਦੇ ਹੋਏ ਨੁਕਸਾਨ ਲਈ ਮੁਆਵਜ਼ੇ ਦੀ ਰਕਮ ਦੇ ਮਨਜ਼ੂਰੀ ਪੱਤਰ ਸੌਂਪੇ। ਪੀੜਤਾਂ ਨੂੰ ਮੁਆਵਜ਼ਾ ਰਕਮ ਸਿਧਿਆਂ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਦਿੱਤੀ ਗਈ ਏ।  ਹੜ੍ਹ ਪ੍ਰਭਾਵਿਤ ਲੋਕਾਂ ਨੂੰ ਮੁਆਵਜ਼ਾ ਰਕਮ ਦੇ ਮਨਜ਼ੂਰੀ ਪੱਤਰ ਵੰਡਣ ਮੌਕੇ ਸੰਬੋਧਨ ਕਰਦਿਆਂ ਮੰਤਰੀ ਨੇ ਕਿਹਾ ਕਿ ਵਾਅਦੇ ਮੁਤਾਬਕ ਦੀਵਾਲੀ ਤੋਂ ਪਹਿਲਾਂ ਪੀੜਤ ਪਰਿਵਾਰਾਂ ਨੂੰ ਮੁਆਵਜ਼ੇ ਦੀ ਵੰਡ ਕੀਤੀ ਗਈ ਏ। ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਨੇ ਬਰਬਾਦ ਹੋਈ ਫ਼ਸਲ ਲਈ ਪ੍ਰਤੀ ਏਕੜ 20 ਹਜ਼ਾਰ ਰੁਪੈ ਮੁਆਵਜ਼ੇ ਦੀ ਵੰਡ ਕੀਤੀ ਏ। ਕੈਬਨਿਟ ਮੰਤਰੀ ਨੇ ਇਹ ਵੀ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜ਼ਮੀਨਾਂ ਨੂੰ ਵਾਹੀਯੋਗ ਬਣਾਉਣ ਲਈ ਵੀ ਕਿਸਾਨਾਂ ਦੀ ਮਦਦ ਕੀਤੀ ਜਾਵੇਗੀ। ਇਸ ਤੋਂ ਇਲਾਵਾ 5 ਲੱਖ ਏਕੜ ਲਈ ਕਣਕ ਦਾ ਬੀਜ ਵੀ ਕਿਸਾਨਾਂ ਨੂੰ ਪ੍ਰਦਾਨ

ਕੀਤਾ ਜਾਵੇਗਾ। ਮੰਤਰੀ ਨੇ ਇਹ ਵੀ ਦੱਸਿਆ ਕਿ ਵਿਸ਼ੇਸ਼ ਗਿਰਦਾਵਰੀ ਦਾ ਕੰਮ ਲਗਭਗ ਮੁਕੰਮਲ ਹੋ ਗਿਆ ਏ ਤੇ ਅਗਲੇ ਕੁਝ ਦਿਨਾਂ ਵਿੱਚ ਸਭ ਪੀੜਤਾਂ ਨੂੰ ਮੁਆਵਜ਼ਾ ਰਕਮ ਵੰਡ ਦਿੱਤੀ ਜਾਵੇਗੀ. ਇਸ ਮੌਕੇ ਸ਼੍ਰੀ ਭੁੱਲਰ ਨੇ ਕਪੂਰਥਲਾ ਜ਼ਿਲ੍ਹੇ ਵਿਚ ਝੋਨੇ ਦੀ ਖਰੀਦ ਦਾ ਜਾਇਜ਼ਾ ਵੀ ਲਿਆ । ਉਨ੍ਹਾਂ, ਫੱਤੂਢੀਂਗਾ ਦਾਣਾ ਮੰਡੀ ਵਿਖੇ ਜਾ ਕੇ ਕਿਸਾਨਾਂ, ਮਜ਼ਦੂਰਾਂ ਤੇ ਆੜ੍ਹਤੀਆਂ ਨਾਲ ਗੱਲਬਾਤ ਕਰਨ ਤੋਂ ਬਾਅਦ ਸਬੰਧਿਤ ਅਧਿਕਾਰੀਆਂ ਨੂੰ ਓਹਨਾਂ ਨੂੰ ਦਰਪੇਸ਼ ਮੁਸ਼ਕਿਲਾਂ ਦਾ ਤੁਰੰਤ ਹਲ ਕਰਨ ਲਈ ਨਿਰਦੇਸ਼ ਦਿੱਤੇ।

---------------------------------------------------------

ਪੰਜਾਬ ਪੁਲਿਸ ਨੇ ਰਾਜ ਵਿੱਚ ਦਹਿਸ਼ਤਗਰਦ ਨੈੱਟਵਰਕਾਂ ਅਤੇ ਜਥੇਬੰਧਤ ਅਪਰਾਧਾਂ ਨਾਲ ਜੁੜੇ 203 ਵਿਦੇਸ਼ੀ ਹੈਂਡਲਰਾਂ ਦੀ ਪਛਾਣ ਕੀਤੀ ਏ ਅਤੇ ਕੇਂਦਰੀ ਏਜੰਸੀਆਂ ਨਾਲ ਤਾਲਮੇਲ ਕਰਕੇ ਉਨ੍ਹਾਂ ਵਿਰੁੱਧ ਰੈੱਡ ਕਾਰਨਰ ਨੋਟਿਸ ਤੇ ਬਲੂ ਕਾਰਨਰ ਨੋਟਿਸ ਜਾਰੀ ਕਰਨ ਦਾ ਅਮਲ ਸ਼ੁਰੂ ਕਰ ਦਿੱਤਾ ਏ, ਤਾਂ ਜੋ ਉਨ੍ਹਾਂ ਨੂੰ ਭਾਰਤ ਵਿੱਚ ਨਿਆਂ ਦੇ ਘੇਰੇ ‘ਚ ਲਿਆਂਦਾ ਜਾ ਸਕੇ। ਰਾਜ ਪੁਲਿਸ ਮੁਖੀ ਗੌਰਵ ਯਾਦਵ ਨੇ ਕੱਲ੍ਹ ਦੋ ਪੁਲਿਸ ਜ਼ਿਲ੍ਹਿਆਂ, ਤਰਨਤਾਰਨ ਅਤੇ ਬਟਾਲਾ ਵਿੱਚ ਸੁਰੱਖਿਆ ਸਥਿਤੀ ਬਾਰੇ ਜਾਇਜ਼ਾ ਮੀਟਿੰਗਾਂ ਕਰਨ ਤੋਂ ਬਾਅਦ ਮੀਡੀਆ ਨੂੰ ਜਾਣਕਾਰੀ

ਦਿੰਦਿਆਂ, ਇਹ ਖੁਲਾਸਾ ਕੀਤਾ। ਉਨ੍ਹਾਂ ਜ਼ਿਲ੍ਹਾ ਪੁਲਿਸ ਮੁਖੀਆਂ ਨੂੰ ਆਉਣ ਵਾਲੇ ਦੀਵਾਲੀ ਤਿਉਹਾਰ ਦੇ ਸ਼ਾਂਤੀਪੂਰਨ ਜਸ਼ਨਾਂ ਨੂੰ ਯਕੀਨੀ ਬਣਾਉਣ ਲਈ ਰਾਜ ਭਰ ਵਿੱਚ ਪੁਲਿਸ ਦੀ ਵਧ ਤੋਂ ਵਧ ਤਾਇਨਾਤੀ ਅਤੇ ਚੌਕਸੀ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਸਮੀਖਿਆ ਮੀਟਿੰਗਾਂ ਪਾਕਿਸਤਾਨ ਤੋਂ ਨਾਰਕੋ-ਦਹਿਸ਼ਤਗਰਦੀ ਅਤੇ ਰਾਜ ਵਿੱਚ ਜਥੇਬੰਧਤ ਅਪਰਾਧਾਂ ਦੇ ਉਭਰ ਰਹੇ ਖਤਰਿਆਂ ਦਾ ਮੁਕਾਬਲਾ ਕਰਨ 'ਤੇ ਕੇਂਦ੍ਰਿਤ ਸਨ। ਉਨ੍ਹਾਂ ਖੁਲਾਸਾ ਕੀਤਾ ਕਿ ਪੁਲਿਸ ਵਿਦੇਸ਼ੀ ਅਧਾਰਤ ਦਹਿਸ਼ਤਗਰਦ ਜਥੇਬੰਦੀਆਂ ਦੇ ਪੰਜਾਬ ਵਿੱਚ ਸ਼ਾਂਤੀ ਭੰਗ ਕਰਨ ਦੇ ਨਾਪਾਕ ਮਨਸੂਬਿਆਂ ਨੂੰ ਨਾਕਾਮ ਕਰ ਰਹੀ ਏ । ਉਨ੍ਹਾਂ ਕਿਹਾ ਕਿ ਸਤੰਬਰ 2024 ਤੋਂ, ਪੰਜਾਬ ਪੁਲਿਸ ਨੇ 90 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ 26 ਦਹਿਸ਼ਤਗਰਦ ਮਾਡਿਊਲਾਂ ਦਾ ਪਰਦਾਫਾਸ਼ ਕੀਤਾ ਏ । ਉਨ੍ਹਾਂ ਦੇ ਕਬਜ਼ੇ ਤੋਂ ਵੱਡੀ ਮਾਤਰਾ ਵਿੱਚ ਹਥਿਆਰ, ਵਿਸਫੋਟਕ, ਗੋਲਾ ਬਾਰੂਦ, ਹੱਥਗੋਲੇ ਅਤੇ ਆਰਡੀਐਕਸ ਵੀ ਬਰਾਮਦ ਕੀਤੇ ਗਏ ਨੇ.

---------------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਦੇ ਕਾਫਲੇ ਦਾ ਇੱਕ ਵਾਹਨ ਅੱਜ ਹਾਦਸੇ ਦਾ ਸ਼ਿਕਾਰ ਹੋ ਗਿਆ. ਮੰਤਰੀ ਅੱਜ ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਮੁਆਵਜ਼ੇ ਦੇ ਚੈੱਕ ਵੰਡਣ ਲਈ

ਗੁਰਦਾਸਪੁਰ ਦੇ ਦੌਰੇ 'ਤੇ ਸਨ। ਦੀਨਾਨਗਰ ਵਿੱਚ ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਚੈੱਕ ਵੰਡਣ ਤੋਂ ਬਾਅਦ, ਉਹ ਡੇਰਾ ਬਾਬਾ ਨਾਨਕ ਵੱਲ ਜਾ ਰਹੇ ਸਨ ਜਦੋਂ ਰਾਹ ਵਿੱਚ, ਕਲਾਨੌਰ ਕਸਬੇ ਦੇ ਨੇੜੇ, ਉਨ੍ਹਾਂ ਦਾ ਕਾਫਲਾ ਉਲਟ ਦਿਸ਼ਾ ਤੋਂ ਆ ਰਹੇ ਇੱਕ ਨਿੱਜੀ ਵਾਹਨ ਨਾਲ ਟਕਰਾ ਗਿਆ, ਜਿਸ ਕਾਰਨ ਉਨ੍ਹਾਂ ਦੇ ਕਾਫ਼ਿਲੇ ਦਾ ਇੱਕ ਪਾਇਲਟ ਵਾਹਨ ਹਾਦਸੇ ਦਾ ਸ਼ਿਕਾਰ ਹੋ ਗਿਆ. ਕੈਬਨਿਟ ਮੰਤਰੀ ਦੀ ਗੱਡੀ ਨੂੰ ਕੋਈ ਨੁਕਸਾਨ ਨਹੀਂ ਪਹੁੰਚਿਆ ਅਤੇ ਉਹ ਪੂਰੀ ਤਰ੍ਹਾਂ ਸੁਰੱਖਿਅਤ ਨੇ. ਹਾਲਾਂਕਿ, ਹਾਦਸੇ ਵਿੱਚ ਉਨ੍ਹਾਂ ਦੇ ਪੰਜ ਬੰਦੂਕਧਾਰੀ ਜ਼ਖਮੀ ਹੋ ਗਏ ਅਤੇ ਉਨ੍ਹਾਂ ਨੂੰ ਇਲਾਜ ਲਈ ਕਲਾਨੌਰ ਦੇ ਸਿਵਲ ਹਸਪਤਾਲ ਲਿਜਾਇਆ ਗਿਆ। ਇਸ ਸਬੰਧ ਵਿੱਚ ਜਾਣਕਾਰੀ ਦਿੰਦੇ ਹੋਏ ਸਿਵਲ ਹਸਪਤਾਲ ਕਲਾਨੌਰ ਦੇ ਐਸਐਮਓ ਡਾ. ਅੱਤਰੀ ਨੇ ਦੱਸਿਆ ਕਿ ਇਸ ਹਾਦਸੇ ਜ਼ਖਮੀ ਹੋਏ ਬੰਦੂਕਧਾਰੀਆਂ ਨੂੰ ਮੁੱਢਲੀ ਸਹਾਇਤਾ ਦਿੱਤੀ ਗਈ ਏ ਅਤੇ ਬਿਹਤਰ ਇਲਾਜ ਲਈ ਗੁਰਦਾਸਪੁਰ ਰੈਫਰ ਕਰ ਦਿੱਤਾ ਗਿਆ ਏ.

---------------------------------------------------

ਪੰਜਾਬ ਆਪਣੇ ਅਧਿਕਾਰ ਖੇਤਰ ਵਿੱਚ ਆਉਣ ਵਾਲੇ ਰਾਵੀ ਅਤੇ ਸਤਲੁਜ ਦਰਿਆਵਾਂ ਨੂੰ ਸਾਫ਼, ਡੂੰਘਾ ਅਤੇ ਚੌੜਾ ਕਰਨ ਦੀ ਯੋਜਨਾ ਬਣਾ

ਰਿਹਾ ਏ, ਤਾਂ ਜੋ ਭਵਿੱਖ ਵਿੱਚ ਆਉਣ ਵਾਲੇ ਹੜ੍ਹਾਂ ਤੋਂ ਰਾਜ ਨੂੰ ਸਥਾਈ ਤੌਰ 'ਤੇ ਬਚਾਇਆ ਜਾ ਸਕੇ। ਇਸਨੇ ਕੇਂਦਰ ਸਰਕਾਰ ਤੋਂ ਬਿਆਸ ਦਰਿਆ, ਜਿਸਨੂੰ ਰਾਮਸਰ ਸਾਈਟ ਵਜੋਂ ਵੀ ਨਾਮਜ਼ਦ ਕੀਤਾ ਗਿਆ ਏ, ਨੂੰ ਸਾਫ਼ ਕਰਨ ਦੀ ਇਜਾਜ਼ਤ ਮੰਗੀ ਏ. ਬਿਆਸ ਦਰਿਆ ਦੇ ਨਾਲ ਲੱਗਦੇ 28 ਸਥਾਨਾਂ ਦੀ ਪਛਾਣ ਕੀਤੀ ਗਈ ਏ ਜਿਨ੍ਹਾਂ ਨੂੰ ਤੁਰੰਤ ਸਫ਼ਾਈ ਦੀ ਲੋੜ ਏ ਅਤੇ ਕੇਂਦਰ ਨੂੰ ਸਫ਼ਾਈ ਦੇ ਉਦੇਸ਼ਾਂ ਲਈ ਵੱਧ ਤੋਂ ਵੱਧ ਸਹਾਇਤਾ ਪ੍ਰਦਾਨ ਕਰਨ ਦੀ ਅਪੀਲ ਕੀਤੀ ਗਈ ਏ।

---------------------------------------------------------

ਪੰਜਾਬ ਵਿੱਚ ਹਾਲ ਹੀ ਵਿੱਚ ਆਏ ਤਬਾਹਕੁੰਨ ਹੜ੍ਹਾਂ ਨੇ ਨਾ ਸਿਰਫ਼ ਪ੍ਰਭਾਵਿਤ ਲੋਕਾਂ ਦੀ ਰੋਜ਼ੀ-ਰੋਟੀ ਅਤੇ ਰਾਜ ਦੀ ਆਰਥਿਕਤਾ ਨੂੰ ਪ੍ਰਭਾਵਿਤ ਕੀਤਾ ਏ, ਸਗੋਂ ਇਸ ਨੇ ਪ੍ਰਭਾਵਿਤ ਬੱਚਿਆਂ, ਜੋ ਕਿ ਕਿਸੇ ਹੋਰ ਨਾਲੋਂ ਸਭ ਤੋਂ ਵਧ ਪਰੇਸ਼ਾਨ ਹੋਏ ਨੇ, ਦੀ ਮਾਨਸਿਕ ਸ਼ਾਂਤੀ ਨੂੰ ਵੀ ਨੁਕਸਾਨ ਪਹੁੰਚਾਇਆ ਏ । ਉਹ ਅਜੇ ਵੀ ਆਉਣ ਵਾਲੀਆਂ ਬਾਰਿਸ਼ਾਂ ਬਾਰੇ, ਮੌਸਮ ਵਿਭਾਗ ਵੱਲੀਂ ਕਿਸੇ ਵੀ ਪੇਸ਼ੀਨਗੋਈ ਤੋਂ ਡਰਦੇ ਨੇ.

ਅੰਮ੍ਰਿਤਸਰ ਸਥਿਤ ਗੁਰੂ ਨਾਨਕ ਦੇਵ ਯੂਨੀਵਰਸਿਟੀ (GNDU), ਮਨੋਵਿਗਿਆਨ ਵਿਭਾਗ ਨੇ ਇੱਕ NGO, 'Help A Child of India' ਦੇ ਸਹਿਯੋਗ ਨਾਲ ਹਾਲ ਹੀ ਜ਼ਿਲ੍ਹੇ ਦੇ ਇੱਕ ਪਿੰਡ ਵਿੱਚ ਹੜ੍ਹ ਪ੍ਰਭਾਵਿਤ ਬੱਚਿਆਂ ਲਈ ਉਨ੍ਹਾਂ ਦੇ ਡਰ, ਸੁਰੱਖਿਆ ਚਿੰਤਾਵਾਂ ਅਤੇ ਭਵਿੱਖ ਦੀਆਂ ਯੋਜਨਾਵਾਂ ਨੂੰ ਜਾਣਨ ਲਈ ਇੱਕ ਮਾਨਸਿਕ-ਸਮਾਜਿਕ ਸਹਾਇਤਾ ਸੈਸ਼ਨ ਕਰਾਇਆ. ਇੱਕ ਰਿਪੋਰਟ – v/ c

*ਗੁਰੂ ਨਾਨਕ ਦੇਵ ਯੂਨੀਵਰਸਿਟੀ ਅਤੇ ਐਨਜੀਓ - ਹੈਲਪ ਏ ਚਾਈਲਡ ਆਫ਼ ਇੰਡੀਆ ਦੇ ਇਸ ਉਪਰਾਲੇ ਨੇ ਪ੍ਰਭਾਵਿਤ ਬੱਚਿਆਂ ਨੂੰ ਇੱਕ ਮਹੱਤਵਪੂਰਨ ਮਾਨਸਿਕ ਸਿਹਤ ਸਹਾਇਤਾ ਪ੍ਰਦਾਨ ਕੀਤੀ ਜੋ ਅਜੇ ਵੀ ਇਨ੍ਹਾਂ ਹਾਲੀਆ ਵਿਨਾਸ਼ਕਾਰੀ ਹੜ੍ਹਾਂ ਵਿੱਚ ਹੋਈ ਦੁਖਦਾਈ ਅਨੁਭਵਾਂ ਦਾ ਸਾਹਮਣਾ ਕਰ ਰਹੇ ਹਨ। ਯੂਨੀਵਰਸਿਟੀ ਵਿੱਚ ਮਨੋਵਿਗਿਆਨ ਦੇ ਸਹਾਇਕ ਪ੍ਰੋਫੈਸਰ ਡਾ. ਬਲਬਿੰਦਰ ਸਿੰਘ ਅਤੇ ਉਨ੍ਹਾਂ ਦੇ ਵਿਦਿਆਰਥੀਆਂ ਦੀ ਟੀਮ ਨੇ ਬੱਚਿਆਂ ਨਾਲ ਗੱਲਬਾਤ ਵਿਚ ਓਹਨਾ ਵਿਚ ਸਦਮੇ ਦੇ ਲੱਛਣ ਵੇਖੇ। ਕੁੜੀਆਂ ਵਿਚ ਮੁਕਾਬਲਤਨ ਵੱਧ ਚਿੰਤਾ ਦਾ ਪੱਧਰ ਵੇਖਿਆ ਗਯਾ । ਹਾਲਾਂਕਿ, ਆਪਣੀ ਦੁਖਦਾਈ ਤਜਰਬਿਆਂ ਦੇ ਬਾਵਜੂਦ ਓਹਨਾ ਨੇ ਆਪਣੀਆਂ ਭਵਿੱਖ ਦੀਆਂ ਇੱਛਾਵਾਂ ਸਾਂਝੀਆਂ*

*ਕਰਦਿਆਂ ਫੌਜੀ ਅਧਿਕਾਰੀ, ਡਾਕਟਰ ਜਾਂ IAS ਅਫਸਰ ਬਣਨ ਦੀ ਗੱਲ ਵੀ ਕੀਤੀ। ਡਾ. ਬਲਬਿੰਦਰ ਸਿੰਘ ਨੇ ਕਿਹਾ ਕਿ ਅਜਿਹੇ ਬੱਚਿਆਂ ਲਈ ਹੋਰ ਕਾਉਂਸਲਿੰਗ ਸੈਸ਼ਨ ਕਰਵਾਉਣ ਦੀ ਲੋੜ ਹੈ ਤਾਂ ਜੋ ਉਨ੍ਹਾਂ ਨੂੰ ਹੜ੍ਹ ਨਾਲ ਹੋਏ ਅਜਿਹੇ ਤਜ਼ਰਬਿਆਂ ਤੋਂ ਬਾਹਰ ਨਿਕਲਣ ਵਿੱਚ ਮਦਦ ਮਿਲ ਸਕੇ।*

*ਰਾਜੇਸ਼ ਬਾਲੀ / ਆਕਾਸ਼ਵਾਣੀ ਖ਼ਬਾਂ /ਜਲੰਧਰ*

---------------------------------------------------

ਵਿਧਾਨ ਸਭਾ ਹਲਕਾ ਤਰਨ ਤਾਰਨ ਦੀ ਹੋ ਰਹੀ ਜ਼ਿਮਨੀ ਚੋਣ ਲਈ ਅੱਜ ਤਿੰਨ ਉਮੀਦਵਾਰਾਂ ਕਾਂਗਰਸ ਪਾਰਟੀ ਦੇ ਉਮੀਦਵਾਰ ਕਰਨਬੀਰ ਸਿੰਘ, ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਸੁਖਵਿੰਦਰ ਕੌਰ ਅਤੇ ਕੰਚਨਪ੍ਰੀਤ ਕੌਰ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਕਵਰਿੰਗ ਉਮੀਦਵਾਰ ਵਜੋਂ ਕਾਗਜ਼ ਦਾਖਿਲ ਕੀਤੇ ਗਏ.

---------------------------------------------------

ਹਾਕੀ ਵਿੱਚ, ਭਾਰਤੀ ਦੀ ਮਰਦਾਂ ਦੀ ਜੂਨੀਅਰ ਹਾਕੀ ਟੀਮ ਦਾ ਅੱਜ ਮਲੇਸ਼ੀਆ ਦੇ ਜੋਹਰ ਬਾਹਰੂ ਵਿਖੇ ਸੁਲਤਾਨ ਜੋਹਰ ਕੱਪ 2025 ਦੇ ਆਪਣੇ ਅਗਲੇ ਗਰੁੱਪ ਮੈਚ ਵਿੱਚ ਆਸਟ੍ਰੇਲੀਆ ਨਾਲ ਮੁਕਾਬਲਾ ਜਾਰੀ

ਏ. ਪਹਿਲਾਂ ਕੱਲ੍ਹ, ਭਾਰਤ ਦਾ ਪਾਕਿਸਤਾਨ ਨਾਲ ਮੁਕਾਬਲਾ 3-3 ਨਾਲ ਬਰਾਬਰੀ 'ਤੇ ਰਿਹਾ.

---

- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਸਾਬਕਾ ਫੌਜੀਆਂ ਅਤੇ ਓਹਨਾਂ ਦੇ ਆਸ਼ਰਿਤਾਂ ਲਈ ਭਲਾਈ ਗ੍ਰਾਂਟਾਂ ਵਿੱਚ 100 ਫੀਸਦੀ ਵਾਧੇ ਨੂੰ ਪ੍ਰਵਾਨਗੀ ਦਿੱਤੀ ਏ.
- ਪੰਜਾਬ ਸਰਕਾਰ ਵਲੋਂ ਸੂਬੇ ਦੇ ਹੜ੍ਹ ਪੀੜ੍ਹਤਾਂ ਨੂੰ ਮੁਆਵਜ਼ਾ ਜਾਂ ਰਾਹਤ ਰਕਮ ਪ੍ਰਦਾਨ ਕਰਨ ਲਈ, 209 ਕਰੋੜ ਰੁਪਏ ਦੀ ਪਹਿਲੀ ਕਿਸ਼ਤ ਜਾਰੀ।
- ਪੰਜਾਬ ਪੁਲਿਸ ਨੇ ਰਾਜ ਵਿੱਚ ਦਹਿਸ਼ਤਗਰਦ ਨੈੱਟਵਰਕਾਂ ਅਤੇ ਜਥੇਬੰਧਤ ਅਪਰਾਧਾਂ ਨਾਲ ਜੁੜੇ 203 ਵਿਦੇਸ਼ੀ ਹੈਂਡਲਰਾਂ ਵਿਰੁੱਧ ਰੈੱਡ ਕਾਰਨਰ ਤੇ ਬਲੂ ਕਾਰਨਰ ਨੋਟਿਸ ਜਾਰੀ ਕਰਨ ਦਾ ਅਮਲ ਸ਼ੁਰੂ ਕਰ ਦਿੱਤਾ ਏ.
- ਪੰਜਾਬ, ਭਵਿੱਖ ਵਿੱਚ ਹੜ੍ਹਾਂ ਤੋਂ ਬਚਾਅ ਲਈ ਰਾਵੀ ਅਤੇ ਸਤਲੁਜ ਦਰਿਆਵਾਂ ਨੂੰ ਸਾਫ਼, ਡੂੰਘਾ ਅਤੇ ਚੌੜਾ ਕਰੇਗਾ.
- ਹਾਕੀ ਵਿੱਚ, ਅੱਜ ਸੁਲਤਾਨ ਆਫ਼ ਜੋਹੋਰ ਕੱਪ 2025'ਚ ਭਾਰਤ ਦੀ ਮਰਦਾਂ ਦੀ ਜੂਨੀਅਰ ਹਾਕੀ ਟੀਮ ਦਾ ਮੁਕਾਬਲਾ ਆਸਟ੍ਰੇਲੀਆ ਨਾਲ ਜਾਰੀ ਏ.

ਆਕਾਸ਼ਵਾਣੀ ਤੋਂ ਖਬਰਾਂ ਖਤਮ ਹੋਈਆਂ

ਅਗਲਾ ਰਾਸ਼ਟਰੀ ਬੁਲੇਟਿਨ ਤੁਸੀਂ ਸੁਣੋਗੇ

ਸ਼ਾਮ ਸਾਢੇ 7 ਵਜੇ. ਨਮਸ੍ਕਾਰ